# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 19-06-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ 2047 ਤੱਕ, ਭਾਰਤ ਨੂੰ ਵਿਕਸਤ ਬਣਾਉਣ ਵਿੱਚ ਗਿਆਨ ਅਹਿਮ ਭੂਮਿਕਾ ਨਿਭਾ ਸਕਦਾ ਏ।
- ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ ਤਹਿਤ ਲਾਭ ਹਾਸਲ ਕਰਨ ਵਾਲੇ, ਪੰਜਾਬ ਦੇ ਕਿਸਾਨਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ।
- ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜਿਮਨੀ ਚੋਣ ਲਈ, ਅੱਜ 3 ਨਾਮਜ਼ਦਗੀਆਂ ਦਾਖ਼ਲ ਕੀਤੀਆਂ ਗਈਆਂ।
- ਪੰਜਾਬ ਦੇ ਕਈ ਹਿੱਸਿਆਂ ਵਿਚ ਬੱਦਲਵਾਈ ਮਗਰੋਂ ਹਲਕੀ ਕਿਣ ਮਿਣ ਹੋਣ ਤੇ ਤੇਜ਼ ਹਵਾਵਾਂ ਚਲਣ ਦੀ ਖ਼ਬਰ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ 2047 ਤੱਕ ਭਾਰਤ ਨੂੰ ਵਿਕਸਤ ਬਣਾਉਣ ਵਿੱਚ, ਗਿਆਨ ਅਹਿਮ ਭੂਮਿਕਾ ਨਿਭਾ ਸਕਦਾ ਏ। ਬਿਹਾਰ ਦੇ ਰਾਜਗੀਰ ਵਿੱਚ ਨਾਲੰਦਾ ਯੂਨੀਵਰਸਿਟੀ ਦੇ ਸੁਸ਼ਮਾ ਸਵਰਾਜ ਆਡੀਟੋਰੀਅਮ ਵਿੱਚ ਅੱਜ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਭਾਰਤ ਮਜ਼ਬੂਤ ਹੋ ਕੇ, ਸੁਪਰ ਪਾਵਰ ਦਾ ਮੁਕਾਮ ਹਾਸਲ ਕਰ ਸਕਦਾ ਏ। ਪ੍ਰਧਾਨ ਮੰਤਰੀ ਨੇ ਨਾਲੰਦਾ ਯੂਨੀਵਰਸਿਟੀ ਦੇ ਨਵੇਂ ਬਣੇ ਕੈਂਪਸ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਨਾਲੰਦਾ ਯੂਨੀਵਰਸਿਟੀ ਵਿਸ਼ਵ ਲਈ ਸਾਡੀ ਪਛਾਣ ਅਤੇ ਰਵਾਇਤਾਂ ਦੀ ਇੱਕ ਵੱਡੀ ਮਿਸਾਲ ਏ। ਉਨ੍ਹਾਂ ਕਿਹਾ ਕਿ ਨਾਲੰਦਾ ਯੂਨੀਵਰਸਿਟੀ ਦਾ ਇਸ ਦੇ ਨਵੇਂ ਰੂਪ ਵਿੱਚ ਪੁਨਰ-ਸੁਰਜੀਤੀ ਉਭਰਦੇ ਭਾਰਤ ਦੀ ਸਮਰੱਥਾ ਅਤੇ ਸ਼ਕਤੀ ਦਾ ਪ੍ਰਤੀਕ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ 30 ਜੂਨ ਨੂੰ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ

ਕਰਨਗੇ। ਸ੍ਰੀ ਮੋਦੀ ਦੇ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਚੁਣੇ ਜਾਣ ਤੋਂ ਬਾਅਦ, ਇਹ ਪਹਿਲਾ ਮਨ ਕੀ ਬਾਤ ਪ੍ਰੋਗਰਾਮ ਹੋਵੇਗਾ। ਟੋਲ ਫਰੀ ਨੰਬਰ 1800 - 1 1- 7800 ਤੇ ਫੋਨ ਕਰਕੇ ਆਪਣੇ ਵਿਚਾਰ ਅਤੇ ਸੁਝਾਅ ਭੇਜੇ ਜਾ ਸਕਦੇ ਨੇ । ਨਰੇਂਦਰ ਮੋਦੀ ਐਪ ਜਾਂ MyGOV ਓਪਨ ਫੋਰਮ 'ਤੇ ਵੀ ਸੁਝਾਅ ਆਨਲਾਈਨ ਦਿੱਤੇ ਜਾ ਸਕਦੇ ਨੇ। 28 ਜੂਨ ਤੱਕ ਭੇਜੇ ਗਏ ਸੁਝਾਵਾਂ ਅਤੇ ਵਿਚਾਰਾਂ ਨੂੰ ਪ੍ਰੋਗਰਾਮ ਵਿੱਚ ਸ਼ਾਮਲ ਕੀਤਾ ਜਾਵੇਗਾ।

---------------------------------------------------------------

ਪੰਜਾਬ ਵਿਧਾਨਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ, ਬਰਨਾਲਾ ਵਿਧਾਨਸਭਾ ਹਲਕੇ ਤੋਂ ਗੁਰਮੀਤ ਸਿੰਘ ਮੀਤ ਹੇਯਰ, ਡੇਰਾ ਬਾਬਾ ਨਾਨਕ ਹਲਕੇ ਤੋਂ ਸੁਖਜਿੰਦਰ ਸਿੰਘ ਰੰਧਾਵਾ, ਚੱਬੇਵਾਲ ਰਾਖਵੇਂ ਹਲਕੇ ਤੋਂ ਡਾਕਟਰ ਰਾਜਕੁਮਾਰ ਅਤੇ ਗਿੱਦੜਬਾਹਾ ਹਲਕੇ ਤੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਇਸਤੀਫ਼ਾ ਮੰਜ਼ੂਰ ਕਰਿ ਲਿਆ ਏ। ਇਨਾਂ ਸਾਰੀਆਂ ਨੇ ਲੋਕਸਭਾ ਲਈ ਚੁਣੇ ਜਾਂ ਮਗਰੋਂ ਇਸਤੀਫ਼ਾ ਦੇ ਦਿੱਤਾ ਸੀ। ਪੰਜਾਬ

ਵਿਧਾਨਸਭਾ ਦੇ ਸਕੱਤਰ ਰਾਮਲੋਕ ਖੱਟਣਾ ਦੇ ਦਸਖਤ ਹੇਠ ਇਸ ਬਾਰੇ ਅੱਜ ਦੋ ਨੋਟੀਫਿਕੇਸ਼ਨ ਜਾਰੀ ਕੀਤੇ ਗਏ ਨੇ।

-----------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਚੇਤਨ ਸਿੰਘ ਜੌੜਾ ਮਾਜਰਾ ਨੇ, ਪਠਾਨਕੋਟ ਜ਼ਿਲੇ ਦੇ ਸ਼ਾਹਪੁਰ-ਕੰਡੀ ਵਿਖੇ ਉਸਾਰੀ ਅਧੀਨ ਬੈਰਾਜ ਡੈਮ ਤੇ ਪਾਵਰ ਹਾਊਸ ਦਾ ਨਿਰੀਖਣ ਕੀਤਾ। ਮੁੱਖ ਇੰਜਨੀਅਰ ਨੇ ਦੱਸਿਆ ਕਿ ਅਕਤੂਬਰ ਮਹੀਨੇ ਤੋਂ ਝੀਲ ਵਿੱਚ ਪਾਣੀ ਭਰਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਏ। ਇਸ ਦੇ ਨਾਲ ਹੀ ਰਣਜੀਤ ਸਾਗਰ ਡੈਮ ਪ੍ਰੋਜੈਕਟ ਵੀ ਬਿਜਲੀ ਉਤਪਾਦਨ ਵਧਾ ਕੇ ਨੀਵੇਂ ਇਲਾਕਿਆਂ ਵਿੱਚ ਸਿੰਚਾਈ ਲਈ ਪਾਣੀ ਦੀ ਨਿਰੰਤਰ ਸਪਲਾਈ ਪ੍ਰਦਾਨ ਕਰ ਰਿਹਾ ਏ। ਚੇਤਨ ਸਿੰਘ ਜੌੜਾ ਮਾਜਰਾ ਨੇ ਡੈਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬੈਰਾਜ ਡੈਮ ਦੇ ਬਾਕੀ ਰਹਿੰਦੇ ਨਿਰਮਾਣ ਕਾਰਜ ਨੂੰ ਜਲਦੀ ਪੂਰਾ ਕੀਤਾ ਜਾਵੇ ਤਾਂ ਜੋ ਆਉਣ ਵਾਲੇ ਬਰਸਾਤ ਦੇ ਮੌਸਮ ਵਿੱਚ ਝੀਲ ਨੂੰ ਪੂਰੀ ਤਰ੍ਹਾਂ ਨਾਲ ਭਰਿਆ ਜਾ ਸਕੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੀ ਐਮ. ਕਿਸਾਨ ਸੰਮਾਨ ਨਿਧੀ ਤਹਿਤ, ਕੋਈ 9 ਕਰੋੜ 26 ਲੱਖ ਲਾਭਪਾਤਰੀ ਕਿਸਾਨਾਂ ਨੂੰ ਕਲ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 17ਵੀਂ ਕਿਸ਼ਤ ਜਾਰੀ ਕੀਤੀ ਏ। ਪੰਜਾਬ ਦੇ ਕਿਸਾਨ ਵੀ ਇਸ ਯੋਜਨਾ ਤੋਂ ਲਾਭ ਲੈ ਰਹੇ ਨੇ।

***ਹੋਰ ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਤਹਿਤ ਪੰਜਾਬ ਦੇ 22 ਲੱਖ 93 ਹਜ਼ਾਰ ਤੋਂ ਵੱਧ ਕਿਸਾਨਾਂ ਦੇ ਖਾਤਿਆਂ ਵਿਚ 4 ਹਜ਼ਾਰ 600 ਕਰੋੜ ਰੁਪਏ ਦੀ ਰਕਮ ਡਾਇਰੈਕਟ ਬੈਨੀਫਿਟ ਟਰਾਂਸਫਰ ਯਾਨੀ ਦੀ ਬੀ ਟੀ ਰਾਹੀਂ ਜਮਾ ਹੋਈ ਏ। ਖਾਤੇ ਵਿਚ ਸਿਧੇ ਪੈਸੇ ਆਉਣ ਮਗਰੋਂ ਕਿਸਾਨ ਖ਼ੁਸ਼ ਨੇ। ਮੋਗਾ ਦੇ ਕਿਸਾਨ ਜਸਵੀਰ ਸਿੰਘ ਅਤੇ ਜੈਦੀਪ ਸਿੰਘ ਅਨੁਸਾਰ ਇਸ ਰਕਮ ਨਾਲ ਉਨਾਂ ਨੂੰ ਕਾਫੀ ਮਦਦ ਮਿਲਦੀ ਏ। ਭਾਜਪਾ ਦੇ ਸੂਬਾ ਸਕੱਤਰ ਡਾਕਟਰ ਹਰਜੋਤ ਕਮਲ ਨੇ ਇਸ ਉਪਰਾਲੇ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਤਹਿਤ ਸਾਲ ਵਿਚ ਤਿੰਨ ਵਾਰ ਦੋ ਦੋ ਹਜ਼ਾਰ ਰੁਪਏ ਵਜੋਂ ਕੁਲ 6 ਹਜ਼ਾਰ ਰੁਪਏ ਕਿਸਾਨਾਂ ਦੇ ਖਾਤਿਆਂ ਵਿਚ ਭੇਜੇ ਜਾਂਦੇ ਨੇ। ਇਸ ਦਾ ਮਕਸਦ ਖੇਤੀਬਾੜੀ ਵਿਚ ਕਿਸਾਨਾਂ ਦੀ ਆਰਥਿਕ***

*<u>ਮਦਦ ਕਰਨਾ ਏ। ਊਸ਼ਾ ਕੌਰ ਜਸ਼ਨ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ</u>*

-------------------------------------------------------

ਇਸ ਦੌਰਾਨ ਪੰਜਾਬ ਸਰਕਾਰ ਸਾਲ 2024-25 ਦੌਰਾਨ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦੇਵੇਗੀ। ਮਾਲੇਰਕੋਟਲਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦੱਸਿਆ ਕਿ ਪਿਛਲੇ ਸਾਲ ਸਾਉਣੀ ਦੇ ਸੀਜ਼ਨ 2023 ਦੌਰਾਨ ਝੋਨੇ ਦੀ ਸਿੱਧੀ ਬਿਜਾਈ ਡੀ.ਐਸ.ਆਰ. ਕਰਨ ਵਾਲੇ ਜ਼ਿਲੇ ਦੇ 488 ਕਿਸਾਨਾਂ ਦੇ ਖਾਤਿਆਂ ਵਿੱਚ 58 ਲੱਖ 37 ਹਜਾਰ 430 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਟਰਾਂਸਫਰ ਕੀਤੀ ਜਾ ਚੁੱਕੀ ਏ। ਪਿਛਲੇ ਸਾਲ ਡੀ.ਐਸ.ਆਰ. ਪੋਰਟਲ ਅਨੁਸਾਰ ਕਰੀਬ 3 ਹਜ਼ਾਰ 891 ਇਸ਼ਾਰਿਆ 62 ਏਕੜ ਰਕਬੇ ਵਿਚ ਝੋਨੇ ਦੀ ਸਿੱਧੀ ਬਿਜਾਈ ਕੀਤੀ ਗਈ ਸੀ। ਉਨਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਰੋਕਣ ਲਈ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨ ਨੂੰ ਤਰਜੀਹ ਦੇਣ।

-------------------------------------------------------

ਇਸ ਦੌਰਾਨ ਬਠਿੰਡਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਕਰਨਜੀਤ

ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਅਤੇ ਖੇਤੀਬਾੜੀ ਅਫ਼ਸਰ ਬਠਿੰਡਾ ਡਾ. ਬਲਜਿੰਦਰ ਸਿੰਘ ਦੀ ਅਗਵਾਈ ਹੇਠ ਬਠਿੰਡਾ ਬਲਾਕ ਦੇ ਸਰਕਲ ਬੱਲੂਆਣਾ ਦੇ ਪਿੰਡ ਵਿਰਕ ਕਲਾਂ ਵਿਖੇ ਪਿੰਡ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਖੇਤੀਬਾੜੀ ਵਿਕਾਸ ਅਫ਼ਸਰ ਡਾ. ਲਵਪ੍ਰੀਤ ਕੌਰ ਨੇ ਕਿਸਾਨਾਂ ਨੂੰ ਨਰਮੇ ਦੀ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਣ ਲਈ ਮੁੱਢਲੇ ਪ੍ਰਬੰਧ ਅਤੇ ਨਰਮੇ ਦੀ ਫ਼ਸਲ ਦੀ ਕਾਸ਼ਤ ਲਈ ਖਾਦਾਂ, ਸਪਰੇਆਂ, ਕੀੜੇ-ਮਕੌੜੇ, ਬਿਮਾਰੀਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਪਾਣੀ ਦੇ ਡਿੱਗ ਰਹੇ ਪੱਧਰ ਨੂੰ ਵੇਖਦੇ ਹੋਏ ਉਨਾਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਸਿੱਧੀ ਬਿਜਾਈ ਨਾਲ ਆਮ ਝੋਨੇ ਨਾਲੋਂ ਕੋਈ 20 ਫੀਸਦੀ ਤੱਕ ਪਾਣੀ ਦੀ ਬੱਚਤ ਹੁੰਦੀ ਏ ਤੇ ਲੱਗਭਗ 10-20 ਫੀਸਦੀ ਪਾਣੀ ਦਾ ਧਰਤੀ ਵਿੱਚ ਰੀਚਾਰਜ ਹੁੰਦਾ ਏ। ਆਮ ਝੋਨੇ ਨਾਲੋਂ ਖਰਚਾ ਵੀ ਘੱਟ ਹੁੰਦਾ ਏ।

---

ਜਲੰਧਰ ਦੇ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜਿਮਨੀ ਚੋਣ ਲਈ, ਅੱਜ 3 ਨਾਮਜ਼ਦਗੀਆਂ ਦਾਖ਼ਲ ਹੋਈਆਂ ਨੇ। ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ

ਲੋਕਤਾਂਤਰਿਕ ਲੋਕ ਰਾਜਿਅਮ ਪਾਰਟੀ ਵੱਲੋਂ ਇੰਦਰਜੀਤ ਸਿੰਘ ਅਤੇ 2 ਆਜ਼ਾਦ ਉਮੀਦਵਾਰਾਂ ਰਾਜ ਕੁਮਾਰ ਤੇ ਵਿਸ਼ਾਲ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਨੇ। ਇਸ ਤਰ੍ਹਾਂ ਨਾਲ ਜਲੰਧਰ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਲਈ ਹੁਣ ਤੱਕ ਕੁੱਲ 3 ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਚੁਕੇ ਨੇ । ਨਾਮਜ਼ਦਗੀ ਪੱਤਰ 21 ਜੂਨ ਤੱਕ ਦਾਖਲ ਕੀਤੇ ਜਾ ਸਕਣਗੇ । ਨਾਮਜ਼ਦਗੀਆਂ ਦੀ ਪੜਤਾਲ 24 ਜੂਨ ਨੂੰ ਹੋਵੇਗੀ ਜਦਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 26 ਜੂਨ ਏ । ਵੋਟਾਂ 10 ਜੁਲਾਈ ਨੂੰ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਕੀਤੀ ਜਾਵੇਗੀ।

-----------------------------------------------------

ਪਿਛਲੇ ਸਾਲਾਂ ਵਾਂਗ ਇਸ ਵਾਰ ਵੀ 21 ਜੂਨ ਨੂੰ ਆ ਰਹੇ ਕੌਮਾਂਤਰੀ ਯੋਗ ਦਿਵਸ ਨੂੰ ਲੈ ਕੇ, ਸੂਬੇ ਭਰ ਦੇ ਲੋਕਾਂ ਵਿਚ ਬਹੁਤ ਹੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਆਮ ਲੋਕ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਜ਼ਿੰਦਗੀ ਨੂੰ ਸੁਖਾਲਾ ਬਣਾ ਰਹੇ ਨੇ ਅਤੇ ਹੋਰਨਾਂ ਨੂੰ ਵੀ ਅਜਿਹਾ ਹੀ ਕਰਨ ਦੀ ਅਪੀਲ ਕਰ ਰਹੇ ਨੇ। ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ 21 ਜੂਨ ਨੂੰ 10ਵੇਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੀਆਂ

ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਪੁਲਿਸ ਲਾਈਨ ਗਰਾਊਂਡ ਵਿਖੇ 'ਯੋਗਾ ਫਾਰ ਸੈਲਫ ਐਂਡ ਸੁਸਾਇਟੀ' ਥੀਮ ਤਹਿਤ ਕਰਵਾਏ ਜਾ ਰਹੇ ਇਸ ਸਮਾਗਮ ਵਿਚ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਨ੍ਹਾਂ ਦੱਸਿਆ ਕਿ ਪੁਲਿਸ ਲਾਈਨ ਵਿਚ ਜ਼ਿਲ੍ਹਾ ਪੱਧਰੀ ਯੋਗ ਦਿਵਸ ਮੌਕੇ ਵੱਖ-ਵੱਖ ਟ੍ਰੇਨਰਾਂ ਵੱਲੋਂ ਯੋਗ ਕਰਵਾਇਆ ਜਾਵੇਗਾ ਅਤੇ ਯੋਗ ਆਸਣ ਦੇ ਮਹੱਤਵ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ।

---------------------------------------------------

ਦੇਸ਼ ਵਿਚ ਗੁਲਾਮੀ ਰਾਜ ਸਮੇ ਸਾਲ 1872 ਵਿਚ ਬਣੇ ਤਿੰਨ ਕਾਨੂੰਨਾਂ ਦੀ ਪਹਿਲੀ ਜੁਲਾਈ ਨੂੰ ਵਿਦਾਇਗੀ ਹੋ ਜਾਵੇਗੀ। ਇੰਨ੍ਹਾ ਦੀ ਥਾਂ ਸਮੇਂ ਮੁਤਾਬਿਕ ਬਣਾਏ ਨਵੇਂ ਕਾਨੂੰਨ ਲਾਗੂ ਹੋ ਜਾਣਗੇ। ਪਟਿਆਲਾ ਜਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

---------------------------------------------------

ਪੰਜਾਬ ਵਿਚ ਅੱਤ ਦੀ ਗਰਮੀ ਦਾ ਦੌਰ ਜਾਰੀ ਏ ਹਾਲਾਂਕਿ ਅੰਮ੍ਰਿਤਸਰ ਜ਼ਿਲੇ ਦੇ ਅਜਨਾਲਾ ਸਮੇਤ ਕਈ ਇਲਾਕਿਆਂ ਵਿਚ ਅੱਜ ਬਾਅਦ

ਦੁਪਹਿਰ ਬੱਦਲਵਾਈ ਮਗਰੋਂ ਕਿਣ ਮਿਣ ਹੋਈ ਏ। ਕਈ ਜ਼ਿਲਿਆਂ ਵਿਚ ਬੱਦਲਵਾਈ ਦੇ ਨਾਲ ਨਾਲ ਤੇਜ ਹਵਾਵਾਂ ਚਲਣ ਦੀ ਖ਼ਬਰ ਵੀ ਮਿਲੀ ਏ। ਕੁਝ ਥਾਵਾਂ ਤੇ ਗੜੇਮਾਰੀ ਵੀ ਹੋਈ ਏ। ਮੌਸਮ ਵਿਭਾਗ ਨੇ ਅੱਜ ਤੇ ਕਲ ਲਈ ਕਈ ਜ਼ਿਲਿਆਂ ਵਿਚ ਗੈਰਾਜ ਚਮਕ ਨਾਲ ਮੀਂਹ ਪੈਣ ਤੇ ਹਨੇਰੀ ਝਕੜ ਝੁਲਣ ਸੰਬੰਧੀ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ ਏ। ਇਸ ਨਾਲ ਤਾਪਮਾਨ ਵਿਚ ਕੁਝ  ਕਮੀ ਆਣ ਦੀ ਸੰਭਾਵਨਾ ਏ। ਪਠਾਨਕੋਟ ਤੋਂ ਸਾਡੇ ਪੱਤਰਕਾਰ ਅਨੁਸਾਰ ਜ਼ਿਲੇ ਦੇ ਲਈ ਇਲਾਕਿਆਂ ਵਿਚ ਮੀਂਹ ਅਤੇ ਤੇਜ਼ ਹਨੇਰੀ ਝੱਖੜ ਨੇ, ਲੋਕਾਂ ਨੂੰ ਗਰਮੀ ਤੋਂ ਮਾਮੂਲੀ ਰਾਹਤ ਪਹੁੰਚਾਈ ਏ ।ਏਧਰ ਜਲੰਧਰ ਵਿਚ ਵੀ ਅਚਾਨਕ ਆਈ ਹਨੇਰੀ ਨੇ ਲ;ਉੱਕਾ ਨੂੰ ਗਰਮੀ ਤੋਂ ਕੁਝ ਰਾਹਤ ਦਿਤੀ ਏ।

---------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ 2047 ਤੱਕ, ਭਾਰਤ ਨੂੰ ਵਿਕਸਤ ਬਣਾਉਣ ਵਿੱਚ ਗਿਆਨ ਅਹਿਮ ਭੂਮਿਕਾ ਨਿਭਾ ਸਕਦਾ ਏ।

- ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ ਤਹਿਤ ਲਾਭ ਹਾਸਲ ਕਰਨ ਵਾਲੇ, ਪੰਜਾਬ ਦੇ ਕਿਸਾਨਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ।
- ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜਿਮਨੀ ਚੋਣ ਲਈ, ਅੱਜ 3 ਨਾਮਜ਼ਦਗੀਆਂ ਦਾਖ਼ਲ ਕੀਤੀਆਂ ਗਈਆਂ।
- ਪੰਜਾਬ ਦੇ ਕਈ ਹਿੱਸਿਆਂ ਵਿਚ ਬੱਦਲਵਾਈ ਮਗਰੋਂ ਹਲਕੀ ਕਿਣ ਮਿਣ ਹੋਣ ਤੇ ਤੇਜ਼ ਹਵਾਵਾਂ ਚਲਣ ਦੀ ਖ਼ਬਰ।